27-NOV-TT-5-6-7-8 Pages.qxd 11/27/2025 11:55 PM Page 1

ਮ੍ਰਿਤਕ ਨੌਜਵਾਨ ਅਭੈ ਕੁਮਾਰ ਦੀ ਫਾਈਲ ਤਸਵੀਰ ਅਤੇ ਇਨਸਾਫ ਲਈ ਧਰਨਾ ਦਿੰਦੇ ਹੋਏ ਮ੍ਰਿਤਕ ਲੜਕੇ ਦੇ ਪਰਿਵਾਰਕ ਮੈਂਬਰ ਅਤੇ ਮੁਹੱਲਾ ਨਿਵਾਸੀ। ਤਸਵੀਰ:ਮਨਜੀਤ ਸਿੰਘ

ਤਰਨ ਤਾਰਨ ਵਿਖੇ ਨਸ਼ੇ ਨਾਲ ਨੌਜਵਾਨ ਦੀ ਮੌਤ

▶▶ ਪੁਲਿਸ ਦੀ ਕਾਰਵਾਈ ਤੋਂ ਖ਼ਫਾ ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਲਗਾਇਆ ਧਰਨਾ

ਤਰਨ ਤਾਰਨ, 27 ਨਵੰਬਰ (ਹਰਿੰਦਰ ਸਿੰਘ)- ਤਰਨ ਤਾਰਨ ਦੇ ਮੁਹੱਲਾ ਨਾਨਕਸਰ ਦੇ ਰਹਿਣ ਵਾਲੇ ਇਕ 18 ਸਾਲਾ ਨੌਜਵਾਨ ਦੀ ਨਸ਼ੇ ਨਾਲ ਮੌਤ ਹੋ ਗਈ ਹੈ। ਘਟਨਾ ਸਥਾਨ 'ਤੇ ਪਹੁੰਚੀ ਥਾਣਾ ਸਿਟੀ ਤਰਨ ਤਾਰਨ ਦੀ ਪੁਲਿਸ ਵਲੋਂ ਨੌਜਵਾਨ ਦੇ ਮਾਮਲੇ ਵਿਚ ਦਰਜ ਕੀਤੇ ਮਾਮਲੇ ਵਿਚ ਸਹੀ ਕਾਰਵਾਈ ਨਾ ਕਰਨ ਕਾਰਨ ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਵਲੋਂ ਸਥਾਨਿਕ ਰੋਹੀ ਪੁਲ ਉਪਰ ਧਰਨਾ ਦੇ ਕੇ ਇਨਸਾਫ ਦੀ ਮੰਗ ਕੀਤੀ ਗਈ ਕਿ ਉਨ੍ਹਾਂ ਦੇ ਲੜਕੇ ਨੂੰ ਕੁਝ ਨੌਜਵਾਨਾਂ ਵਲੋਂ ਨਸ਼ੇ ਦਾ ਟੀਕਾ ਲਗਾ ਕੇ ਮਾਰਿਆ ਗਿਆ ਹੈ, ਉਨ੍ਹਾਂ ਖ਼ਿਲਾਫ਼ ਕਾਰਵਾਈ ਕੀਤੀ ਜਾਵੇ। ਧਰਨੇ ਦੌਰਾਨ ਜਾਣਕਾਰੀ ਦਿੰਦੇ ਹੋਏ ਮ੍ਰਿਤਕ ਦੇ ਪਿਤਾ ਵਿਜੇ ਕੁਮਾਰ ਪੁੱਤਰ ਬਾਊ ਰਾਮ ਵਾਸੀ ਗਲੀ ਮੇਹਰ ਸਿੰਘ ਸਕੂਲ ਵਾਲੀ ਮੁਹੱਲਾ ਨਾਨਕਸਰ ਤਰਨ ਤਾਰਨ ਨੇ ਦੱਸਿਆ ਕਿ ਉਸ ਦਾ ਲੜਕਾ ਅਭੈ ਕੁਮਾਰ ਉਰਫ ਅਭੀ (18) ਨੂੰ 26 ਨਵੰਬਰ ਨੂੰ ਸ਼ਾਮ ਸਮੇਂ ਮੁਹੱਲੇ ਵਿਚ ਕੁਝ ਰਹਿਣ ਵਾਲੇ ਨੌਜਵਾਨ ਜੋ ਕਿ ਨਸ਼ੇ ਦੇ ਆਦੀ ਹਨ, ਜਿਨ੍ਹਾਂ ਨੇ ਇਕ ਕਮਰਾ ਕਿਰਾਏ 'ਤੇ ਲਿਆ ਹੋਇਆ ਹੈ, ਨਾਲ ਲੈ ਗਏ ਅਤੇ ਸਵੇਰੇ ਉਸ ਨੂੰ ਸੂਚਨਾ ਮਿਲੀ ਕਿ ਉਸਦੇ ਲੜਕੇ ਦੀ ਲਾਸ਼ ਕਮਰੇ ਵਿਚ ਪਈ ਸੀ। ਮ੍ਰਿਤਕ ਲੜਕੇ ਦੇ ਪਿਤਾ ਵਿਜੇ ਕੁਮਾਰ ਨੇ ਕਿਹਾ ਕਿ ਮੁਹੱਲੇ ਦੇ ਰਹਿਣ ਵਾਲੇ ਕੁਝ ਨੌਜਵਾਨਾਂ ਜੋ ਕਿ ਨਸ਼ੇ ਕਰਨ ਦੇ ਆਦੀ ਹਨ, ਉਨ੍ਹਾਂ ਵਲੋਂ ਉਸਦੇ ਲੜਕੇ ਨੂੰ ਨਸ਼ੇ ਦਾ ਟੀਕਾ ਲਗਾਇਆ ਗਿਆ ਹੈ, ਜਿਸ ਕਾਰਨ ਉਸਦੀ ਮੌਤ ਹੋ ਗਈ ਹੈ, ਪ੍ਰੰਤੂ ਥਾਣਾ ਸਿਟੀ ਤਰਨ ਤਾਰਨ ਦੀ ਪੁਲਿਸ ਵਲੋਂ ਧਾਰਾ 194 ਬੀ.ਐੱਨ.ਐੱਸ.ਐੱਸ. ਐਕਟ ਤਹਿਤ ਕਾਰਵਾਈ ਕਰਦੇ ਹੋਏ ਮਾਮਲਾ ਦਰਜ ਕਰ ਲਿਆ ਹੈ, ਪਰ ਉਸਦੇ ਲੜਕੇ ਨੂੰ ਨਸ਼ਾ ਦਾ ਟੀਕਾ ਲਗਾ ਕੇ ਮਾਰਨ ਵਾਲੇ ਨੌਜਵਾਨਾਂ ਖ਼ਿਲਾਫ਼ ਮਾਮਲਾ ਦਰਜ ਨਹੀਂ ਕੀਤਾ, ਜਿਸ ਕਾਰਨ ਉਨ੍ਹਾਂ ਨੂੰ ਇਨਸਾਫ ਲੈਣ ਲਈ ਮੁਹੱਲਾ ਨਿਵਾਸੀਆਂ ਨੂੰ ਨਾਲ ਲੈ ਕੇ ਧਰਨਾ ਦੇਣਾ ਪਿਆ ਹੈ। ਧਰਨੇ ਦੌਰਾਨ ਮੌਕੇ 'ਤੇ ਪਹੁੰਚੇ ਥਾਣਾ ਸਿਟੀ ਦੇ ਅਧਿਕਾਰੀਆਂ ਨੇ ਦੱਸਿਆ ਕਿ ਮ੍ਰਿਤਕ ਲੜਕੇ ਦੇ ਪਰਿਵਾਰਕ ਮੈਂਬਰਾਂ ਵਲੋਂ ਜੋ ਦਰਖਾਸਤ ਦਿੱਤੀ ਗਈ ਹੈ, ਉਸ ਤਹਿਤ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ।

ਪਿੰਡ ਮੁਗਲਚੱਕ ਪੰਨੂਆਂ ਦੀ ਸੰਗਤ ਵਲੋਂ ਸੰਤ ਬਾਬਾ ਸੁੱਖਾ ਸਿੰਘ ਦਾ ਸਨਮਾਨ

'ਪੰਜਾਬ ਦੇ ਜੰਮਿਆਂ ਨੂੰ ਨਿੱਤ ਮੁਹਿੰਮਾਂ' ਦਾ ਕਥਨ ਵਾਰ-ਵਾਰ ਸੱਚ ਹੁੰਦਾ - ਜਥੇਦਾਰ ਧਰਮ ਸਿੰਘ

ਤਰਨ ਤਾਰਨ, 27 ਨਵੰਬਰ (ਹਰਿੰਦਰ ਸਿੰਘ)- ਪਿੰਡ ਮੁਗਲ ਚੱਕ ਪੰਨੂਆਂ ਵਿਖੇ ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਦੇ ਮੁਖੀ ਸੰਤ ਬਾਬਾ ਸੁੱਖਾ ਸਿੰਘ ਦਾ ਸਨਮਾਨ ਕੀਤਾ ਗਿਆ। ਇੱਥੇ ਪਹੁੰਚਣ 'ਤੇ ਸੰਤ ਬਾਬਾ ਸੁੱਖਾ ਸਿੰਘ ਦਾ ਸਵਾਗਤ ਕਰਦਿਆਂ ਸੰਗਤਾਂ ਨੇ ਫੁੱਲਾਂ ਦੀ ਵਰਖਾ ਕੀਤੀ ਅਤੇ ਬੁਲੰਦ ਆਵਾਜ਼ ਵਿਚ 'ਬੋਲੇ ਸੋ ਨਿਹਾਲ ਸਤਿ ਸ੍ਰੀ ਅਕਾਲ' ਦੇ ਜੈਕਾਰੇ ਬੁਲਾਏ। ਸੰਗਤ ਦੇ ਵੱਡੇ ਇਕੱਠ ਵਿਚ ਬੋਲਦਿਆਂ ਜਥੇਦਾਰ ਧਰਮ ਸਿੰਘ ਨੇ ਆਖਿਆ ਕਿ ਅਸੀਂ ਕਈ ਵਾਰ ਪੜ੍ਹਿਆ ਸੁਣਿਆ ਹੈ ਕਿ 'ਪੰਜਾਬ ਦੇ ਜੰਮਿਆਂ ਨੂੰ ਨਿੱਤ ਮੁਹਿੰਮਾਂ' ਦਾ ਇਹ ਕਥਨ ਇਤਿਹਾਸ ਵਿਚ ਵਾਰ-ਵਾਰ ਸੱਚ ਹੁੰਦਾ ਨਜ਼ਰ ਆਉਂਦਾ ਹੈ। ਅਜੇ ਪੰਜਾਬੀਅਤ ਸਾਲ 2023 ਵਿਚ ਆਏ ਹੜ੍ਹਾਂ ਦੀ ਮਾਰ ਤੋਂ ਹੀ ਉਭਰੀ ਨਹੀਂ ਸੀ ਕਿ ਦੋ ਸਾਲ ਬਾਅਦ ਦੁਬਾਰਾ ਹੜ੍ਹਾਂ ਦਾ ਸਾਹਮਣਾ ਕਰਨਾ ਪੈ ਗਿਆ। ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਦੇ ਮੁਖੀ ਸੰਤ ਬਾਬਾ ਸੁੱਖਾ ਸਿੰਘ ਆਪਣੀ ਕੈਨੇਡਾ ਵਿਚ ਚੱਲ ਰਹੀ ਗੁਰਮਤਿ ਪ੍ਰਚਾਰ ਫੇਰੀ ਨੂੰ ਵਿਚਾਲੇ ਛੱਡ ਕੇ ਤੁਰੰਤ ਪੰਜਾਬ ਦੇ ਲੋਕਾਂ ਦੀ ਸਾਰ ਲੈਣ ਲਈ ਪਹੁੰਚੇ ਅਤੇ ਦਿਨ ਰਾਤ ਸੇਵਾਵਾਂ ਕਰਕੇ ਹੜ੍ਹ ਪੀੜਤਾਂ ਲਈ ਰਾਹਤ ਦਾ ਵਸੀਲਾ ਬਣੇ। ਮਹਾਂਪੁਰਖਾਂ ਨੇ ਪਾਣੀ ਵਿਚ ਘਿਰੇ ਲੋਕਾਂ ਤੱਕ ਆਪਣੀਆਂ ਅਗਨਬੋਟਸ ਰਾਹੀਂ ਰਾਸ਼ਨ ਪਹੁੰਚਾਇਆ, ਬਿਮਾਰਾਂ ਨੂੰ ਦਵਾਈਆਂ ਦਿੱਤੀਆਂ, ਮਰੀਜ਼ਾਂ ਨੂੰ ਹਸਪਤਾਲ ਪਹੁੰਚਾਇਆ, ਕਮਜ਼ੋਰ ਬੰਨ੍ਹਾਂ ਨੂੰ ਟੁੱਟਣ ਤੋਂ ਬਚਾਇਆ ਤੇ ਦਰਿਆਵਾਂ ਦੇ ਟੁੱਟ ਚੁੱਕੇ ਬੰਨ੍ਹ ਮੁੜ ਸੁਰਜੀਤ ਕੀਤੇ। ਸੰਪਰਦਾਇ ਵਲੋਂ ਸੇਵਾਵਾਂ ਅਜੇ ਵੀ ਲਗਾਤਾਰ ਜਾਰੀ ਹਨ। ਅਸੀਂ ਆਪਣੇ ਪਿੰਡ ਦੀ ਸਮੂਹ ਸੰਗਤ ਵਲੋਂ ਸੰਤ ਬਾਬਾ ਸੁੱਖਾ ਸਿੰਘ ਦਾ ਸਵਾਗਤ ਕਰਦੇ ਹਾਂ ਅਤੇ ਸਨਮਾਨ ਚਿੰਨ ਭੇਟ ਕਰਦੇ ਹਾਂ।

ਪਿੰਡ ਮੁਗਲਚੱਕ ਪੰਨੂੰਆਂ ਦੀ ਸੰਗਤ ਬਾਬਾ ਸੁੱਖਾ ਸਿੰਘ ਦਾ ਸਨਮਾਨ ਕਰਦੀਆਂ ਹੋਈਆਂ। ਤਸਵੀਰ:ਮਨਜੀਤ ਸਿੰਘ

ਇਸ ਮੌਕੇ ਹੋਏ ਇਕੱਠ ਵਿਚ ਜਥੇਦਾਰ ਧਰਮ ਸਿੰਘ ਸਮੇਤ ਗੁਰਿੰਦਰ ਸਿੰਘ, ਗੁਰਜੀਤ ਸਿੰਘ ਸਰਪੰਚ, ਬਲਵਿੰਦਰ ਸਿੰਘ, ਸਰਵਣ ਸਿੰਘ, ਬੂਟਾ ਸਿੰਘ, ਜਸਕਰਨ ਸਿੰਘ ਅਤੇ ਹੋਰ ਕਈ ਪਤਵੰਤੇ ਸ਼ਾਮਿਲ ਸਨ।

ਖ਼ੁਰਾਕ ਸੁਰੱਖਿਆ ਵਿੰਗ ਵਲੋਂ ਕਰਿਆਨਾ ਤੇ ਸਬਜ਼ੀਆਂ ਵਾਲੀਆਂ ਦੁਕਾਨਾਂ ਦੀ ਜਾਂਚ

ਭਿੱਖੀਵਿੰਡ, 27 ਨਵੰਬਰ (ਬੌਬੀ)-ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਸਿਹਤ ਅਫਸਰ ਡਾ. ਸੁਖਬੀਰ ਕੌਰ ਔਲਖ ਦੀ ਅਗਵਾਈ ਵਾਲੀ ਖ਼ੁਰਾਕ ਸੁਰੱਖਿਆ ਵਿੰਗ ਦੀ ਟੀਮ ਵਲੋਂ ਭਿੱਖੀਵਿੰਡ ਵਿਖੇ ਕਰਿਆਨਾ ਸਟੋਰਾਂ, ਫਲਾਂ ਸਬਜ਼ੀਆਂ ਵਾਲੀਆਂ ਦੁਕਾਨਾਂ, ਖਾਣ-ਪੀਣ ਦਾ ਸਮਾਨ ਵੇਚਣ ਵਾਲੀਆਂ ਰੇਹੜੀਆਂ ਦਾ ਨਿਰੀਖਣ ਕੀਤਾ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹੇ ਦੇ ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ ਨੇ ਦੱਸਿਆ ਕਿ ਜ਼ਿਲ੍ਹੇ ਦੇ ਨਾਗਰਿਕਾਂ ਦੀ ਚੰਗੀ ਸਿਹਤ ਨੂੰ ਧਿਆਨ ਵਿਚ ਰੱਖਦਿਆਂ ਸਿਹਤ ਵਿਭਾਗ ਦੇ ਖ਼ੁਰਾਕ ਸੁਰੱਖਿਆ ਵਿੰਗ ਵਲੋਂ ਖਾਣ ਪੀਣ ਦੀਆਂ ਵਸਤੂਆਂ ਵੇਚਣ ਵਾਲੀਆਂ ਦੁਕਾਨਾਂ, ਢਾਬਿਆਂ, ਰੈਸਟੋਰੈਂਟਾਂ, ਡੇਅਰੀਆਂ, ਰੇਹੜੀਆਂ ਦੀ ਜਾਂਚ ਕੀਤੀ ਜਾਂਦੀ ਹੈ ਅਤੇ ਇਸੇ ਲੜੀ ਤਹਿਤ ਵਿੰਗ ਵਲੋਂ ਸਥਾਨਕ ਕਰਿਆਨੇ ਦੀਆਂ ਦੁਕਾਨਾਂ, ਸਬਜ਼ੀਆਂ ਵਾਲੀਆਂ ਦੁਕਾਨਾਂ ਅਤੇ ਖਾਣ ਪੀਣ ਸਾਮਾਨ ਵੇਚਣ ਵਾਲੀਆਂ ਰੇਹੜੀਆਂ ਦੀ ਜਾਂਚ ਕੀਤੀ ਗਈ। ਉਨ੍ਹਾਂ ਕਿਹਾ ਕਿ ਨਾਗਰਿਕਾਂ ਦੀ ਸਿਹਤ ਨਾਲ ਖਿਲਵਾੜ ਬਿਲਕੁਲ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਜੇਕਰ ਕੋਈ ਵੀ ਕਰਿਆਨਾ ਸਟੋਰ ਮਾਲਕ ਘਟੀਆ ਪੱਧਰ ਦਾ ਸਮਾਨ ਵੇਚਦਾ ਪਾਇਆ ਜਾਵੇਗਾ ਤਾਂ ਉਸ ਵਿਰੁੱਧ ਢੁਕਵੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਜ਼ਿਲ੍ਹਾ ਸਿਹਤ ਅਫਸਰ ਡਾ. ਸੁਖਬੀਰ ਕੌਰ ਨੇ ਦੱਸਿਆ ਕਿ ਖ਼ੁਰਾਕ ਸੁਰੱਖਿਆ ਵਿੰਗ ਵਲੋਂ ਸਰਹੱਦੀ ਕਸਬਾ ਭਿੱਖੀਵਿੰਡ ਵਿਖੇ ਦੁਕਾਨਾਂ ਅਤੇ ਰੇਹੜੀਆਂ ਦੀ ਜਾਂਚ ਕੀਤੀ ਗਈ। ਉਨ੍ਹਾਂ ਦੱਸਿਆ ਕਿ ਖ਼ੁਰਾਕ ਸੁਰੱਖਿਆ ਵਿੰਗ ਵਲੋਂ ਗੁੜ, ਦੇਸੀ ਘਿਓ, ਸੰਘਾੜੇ, ਗੋਲ ਗੱਪਿਆਂ ਦੀ ਕਾਂਜੀ ਦੇ 5 ਸੈਂਪਲਾਂ ਨੂੰ ਅਗਲੇਰੀ ਜਾਂਚ ਖਰੜ ਲੈਬੋਰਟਰੀ ਵਿਖੇ ਭੇਜਿਆ ਗਿਆ ਹੈ। ਜ਼ਿਲ੍ਹਾ ਸਿਹਤ ਅਫਸਰ ਡਾ. ਸੁਖਬੀਰ ਕੌਰ ਨੇ ਦੱਸਿਆ ਕਿ ਦੁਕਾਨਦਾਰਾਂ ਅਤੇ ਰੇਹੜੀ ਵਾਲਿਆਂ ਲਈ ਜਾਗਰੂਕਤਾ ਸੈਮੀਨਾਰ ਦਾ ਪ੍ਰਬੰਧ ਵੀ ਕੀਤਾ ਗਿਆ, ਜਿੱਥੇ ਉਨ੍ਹਾਂ ਨੂੰ ਖ਼ੁਰਾਕ ਸੁਰੱਖਿਆ ਦੇ ਨਿਯਮਾਂ ਤੋਂ ਜਾਣੂ ਕਰਵਾਇਆ ਗਿਆ। ਉਹਨੂੰ ਦੱਸਿਆ ਕਿ ਦੁਕਾਨਦਾਰਾਂ ਨੂੰ ਸਾਫ਼-ਸਫ਼ਾਈ ਦਾ ਵਿਸ਼ੇਸ਼ ਧਿਆਨ ਰੱਖਣ ਦੀ ਹਦਾਇਤਾਂ ਜਾਰੀ ਕੀਤੀਆਂ ਗਈਆਂ। ਡਾ. ਸੁਖਬੀਰ ਕੌਰ ਨੇ ਕਿਹਾ ਕਿ ਰੇਹੜੀਆਂ 'ਤੇ ਸਮਾਨ ਵੇਚਣ ਵਾਲਿਆਂ ਨੂੰ ਸਾਫ ਸਫਾਈ ਦੇ ਸਾਰੇ ਮਾਪਦੰਡਾ ਦੀ ਪਾਲਣਾ ਕਰਨ ਲਈ ਕਿਹਾ ਗਿਆ। ਡਾ. ਸੁਖਬੀਰ ਕੌਰ ਨੇ ਕਿਹਾ ਕਿ ਦੁਕਾਨਦਾਰਾਂ ਅਤੇ ਰੇਹੜੀ ਵਾਲਿਆਂ ਨੂੰ ਹਦਾਇਤ ਕੀਤੀ ਗਈ ਕਿ ਕੰਮ ਕਾਜ ਵਾਲੇ ਸਥਾਨ 'ਤੇ ਪਾਣੀ ਨੂੰ ਇਕੱਠਾ ਨਾ ਹੋਣ ਦੇਣ ਤਾਂ ਜੋ ਮੱਖੀ ਮੱਛਰ ਦੇ ਪੈਦਾ ਹੋਣ ਦਾ ਖਦਸਾ ਨਾ ਬਣੇ। ਇਸ ਮੌਕੇ ਫੂਡ ਸੇਫਟੀ ਅਫਸਰ ਅਸ਼ਵਨੀ ਕੁਮਾਰ ਵੀ ਮੌਜੂਦ ਰਹੇ।

ਖਾਣ ਪੀਣ ਵਾਲੀਆਂ ਦੁਕਾਨਾਂ 'ਤੇ ਚੈਕਿੰਗ ਦੌਰਾਨ ਸੈਂਪਲ ਭਰਦੇ ਹੋਏ ਜ਼ਿਲ੍ਹਾ ਸਿਹਤ ਅਫ਼ਸਰ ਡਾ. ਸੁਖਬੀਰ ਕੌਰ। ਤਸਵੀਰ: ਬੌਬੀ

ਚੋਰੀ ਦੇ ਮੋਟਰਸਾਈਕਲ ਸਮੇਤ ਇਕ ਵਿਅਕਤੀ ਕਾਬੂ

ਤਰਨ ਤਾਰਨ, 27 ਨਵੰਬਰ (ਪਰਮਜੀਤ ਜੋਸ਼ੀ)- ਜ਼ਿਲ੍ਹਾ ਤਰਨ ਤਾਰਨ ਅਧੀਨ ਪੈਂਦੇ ਥਾਣਾ ਹਰੀਕੇ ਦੀ ਪੁਲਿਸ ਨੇ ਨਾਕਾਬੰਦੀ ਦੌਰਾਨ ਚੋਰੀ ਦੇ ਮੋਟਰਸਾਈਕਲ ਸਮੇਤ ਇਕ ਵਿਅਕਤੀ ਨੂੰ ਕਾਬੂ ਕਰਨ ਵਿਚ ਸਫਲਤਾ ਪ੍ਰਾਪਤ ਕੀਤੀ ਹੈ। ਥਾਣਾ ਹਰੀਕੇ ਦੇ ਏ.ਐੱਸ.ਆਈ. ਗੁਰਮੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਪੁਲਿਸ ਪਾਰਟੀ ਸਮੇਤ ਪ੍ਰਿੰਗੜੀ ਰੋਡ ਹਰੀਕੇ ਵਿਖੇ ਨਾਕਾਬੰਦੀ ਕਰਕੇ ਉਹ ਵਹਨੀਲਾਂ ਦੀ ਚੈਕਿੰਗ ਕਰ ਰਹੇ ਸਨ ਤਾਂ ਉਨ੍ਹਾਂ ਸ਼ੱਕ ਦੇ ਅਧਾਰ 'ਤੇ ਇਕ ਮੋਟਰਸਾਈਕਲ ਨੰਬਰ ਪੀ.ਬੀ. 05 6116 'ਤੇ ਸਵਾਰ ਹੋ ਕੇ ਆ ਰਹੇ ਇਕ ਨੌਜਵਾਨ ਨੂੰ ਕਾਬੂ ਕਰਕੇ ਜਦੋਂ ਉਸ ਪਾਸੋਂ ਮੋਟਰਸਾਈਕਲ ਦੇ ਕਾਗਜ ਪੱਤਰ ਪੁੱਛੇ ਤਾਂ ਉਹ ਕੋਈ ਸਬੂਤ ਪੇਸ਼ ਨਹੀਂ ਕਰ ਸਕਿਆ ਅਤੇ ਮੋਟਰਸਾਈਕਲ ਚੋਰੀ ਦਾ ਨਿਕਲਿਆ। ਕਾਬੂ ਕੀਤੇ ਗਏ ਨੌਜਵਾਨ ਦੀ ਪਛਾਣ ਗੁਰਪ੍ਰੀਤ ਸਿੰਘ ਪੁੱਤਰ ਕਾਬਲ ਸਿੰਘ ਵਾਸੀ ਘੜੁੰਮ ਵਜੋਂ ਹੋਈ ਹੈ, ਜਿਸਦੇ ਖ਼ਿਲਾਫ਼ ਮਾਮਲਾ ਦਰਜ ਕਰਨ ਤੋਂ ਬਾਅਦ ਅਗਲੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਜ਼ਿਲ੍ਹਾ ਪੁਲਿਸ ਵਲੋਂ ਹੈਰੋਇਨ ਸਮੇਤ 5 ਵਿਅਕਤੀ ਗ੍ਰਿਫ਼ਤਾਰ

ਤਰਨ ਤਾਰਨ, 27 ਨਵੰਬਰ (ਹਰਿੰਦਰ ਸਿੰਘ)- ਜ਼ਿਲ੍ਹਾ ਤਰਨ ਤਾਰਨ ਅਧੀਨ ਪੈਂਦੇ ਵੱਖ-ਵੱਖ ਥਾਣਿਆਂ ਦੀ ਪੁਲਿਸ ਨੇ ਹੈਰੋਇਨ ਸਮੇਤ 5 ਵਿਅਕਤੀਆਂ ਨੂੰ ਕਾਬੂ ਕਰਨ ਵਿਚ ਸਫਲਤਾ ਪ੍ਰਾਪਤ ਕੀਤੀ ਹੈ। ਜਾਣਕਾਰ ਦਿੰਦੇ ਹੋਏ ਐੱਸ.ਐੱਸ.ਪੀ. ਸੁਰਿੰਦਰ ਲਾਂਬਾ ਨੇ ਦੱਸਿਆ ਕਿ ਥਾਣਾ ਗੋਇੰਦਵਾਲ ਦੇ ਇੰਸਪੈਕਟਰ ਕਸ਼ਮੀਰ ਸਿੰਘ ਨੇ ਪੁਲਿਸ ਪਾਰਟੀ ਸਮੇਤ ਇੰਡਸਟਰੀ ਏਰੀਆ ਗੋਇੰਦਵਾਲ ਤੋਂ ਰਾਖਾ ਪੁੱਤਰ ਬੀਰਾ ਸਿੰਘ ਵਾਸੀ ਗੋਇੰਦਵਾਲ ਨੂੰ ਕਾਬੂ ਕਰਕੇ ਉਸ ਪਾਸੋਂ 7 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਇਸੇ ਤਰ੍ਹਾਂ ਥਾਣਾ ਖੇਮਕਰਨ ਐੱਸ.ਆਈ. ਬਲਬੀਰ ਸਿੰਘ ਨੇ ਪੁਲਿਸ ਪਾਰਟੀ ਸਮੇਤ ਦਾਣਾ ਮੰਡੀ ਰੱਤੋਕੇ ਨਜ਼ਦੀਕ ਤੋਂ ਅਜੇ ਸਿੰਘ ਪੁੱਤਰ ਕਾਲਾ ਸਿੰਘ ਵਾਸੀ ਰੱਤੋਕੇ ਨੂੰ ਕਾਬੂ ਕਰੇਕ ਉਸ ਪਾਸੋਂ 40 ਗ੍ਰਾਮ ਹੈਰੋਇਨ ਅਤੇ 700 ਰੁਪਏ ਦੀ ਡਰੱਗ ਮਨੀ ਬਰਾਮਦ ਹੋਈ ਹੈ। ਇਸੇ ਤਰ੍ਹਾਂ ਥਾਣਾ ਕੱਚਾ ਪੱਕਾ ਦੇ ਏ.ਐੱਸ.ਆਈ. ਸੁਖਵਿੰਦਰ ਸਿੰਘ ਨੇ ਪੁਲਿਸ ਪਾਰਟੀ ਸਮੇਤ ਸੂਚਨਾ ਦੇ ਅਧਾਰ 'ਤੇ ਗੁਰਸੇਵਕ ਸਿੰਘ ਪੁੱਤਰ ਅਜੀਤ ਸਿੰਘ ਵਾਸੀ ਮੱਖੀ ਕਲਾਂ ਦੇ ਘਰ ਛਾਪੇਮਾਰੀ ਦੌਰਾਨ ਘਰ ਵਿਚੋਂ 40 ਕਿਲੋ ਲਾਹਣ ਬਰਾਮਦ ਕਰਕੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਇਸੇ ਤਰ੍ਹਾਂ ਥਾਣਾ ਸਿਟੀ ਤਰਨ ਤਾਰਨ ਦੇ ਏ.ਐੱਸ.ਆਈ. ਜਸਪਾਲ ਸਿੰਘ ਨੇ ਪੁਲਿਸ ਪਾਰਟੀ ਸਮੇਤ ਰੋਹੀ ਪੁੱਲ ਮੁਹੱਲਾ ਟਾਂਕਕਸ਼ਤਰੀ ਨਜ਼ਦੀਕ ਗਸ਼ਤ ਦੌਰਾਨ ਨਸ਼ੀਲੇ ਪਦਾਰਥਾਂ ਦਾ ਸੇਵਨ ਕਰ ਰਹੇ ਸਮਸ਼ੇਰ ਸਿੰਘ ਪੁੱਤਰ ਸਵਿੰਦਰ ਸਿੰਘ ਵਾਸੀ ਕਿਲਾ ਕਵੀ ਸੰਤੋਖ ਸਿੰਘ ਵਾਸੀ ਨੂਰਦੀ ਅਤੇ ਮਨਪ੍ਰੀਤ ਸਿੰਘ ਪੁੱਤਰ ਸੁਖਦੇਵ ਸਿੰਘ ਵਾਸੀ ਠਠੂ ਨੂੰ ਕਾਬੂ ਕਰਕੇ ਜਦੋਂ ਉਨ੍ਹਾਂ ਦੀ ਤਲਾਸ਼ੀ ਲਈ ਤਾਂ ਉਨ੍ਹਾਂ ਪਾਸੋਂ ਇਕ ਸਿਲਵਰ ਪੇਪਰ ਪੰਨੀ, 1 ਲਾਈਟਰ, 10 ਰੁਪਏ ਦਾ ਨੋਟ ਬਰਾਮਦ ਕੀਤਾ ਹੈ। ਐੱਸ.,ਐੱਸ.ਪੀ.ਸੁਰਿੰਦਰ ਲਾਂਬਾ ਨੇ ਦੱਸਿਆ ਕਿ ਕਾਬੂ ਕੀਤੇ ਵਿਅਕਤੀਆਂ ਖ਼ਿਲਾਫ਼ ਐੱਨ.ਡੀ.ਪੀ.ਐੱਸ. ਐਕਟ ਅਤੇ ਐਕਸਾਈਜ਼ ਐਕਟ ਤਹਿਤ ਮਾਮਲੇ ਦਰਜ ਕਰਕੇ ਉਨ੍ਹਾਂ ਨੂੰ ਅਦਾਲਤ ਵਿਚ ਪੇਸ਼ ਕਰਕੇ ਪੁਲਿਸ ਰਿਮਾਂਡ ਪ੍ਰਾਪਤ ਕੀਤਾ ਜਾ ਰਿਹਾ ਹੈ।

'ਅਜੀਤ' ਉਪ ਦਫ਼ਤਰ ਦਾ ਪਤਾ ਤੇ ਸੰਪਰਕ ਨੰਬਰ

ਅਜੀਤ/ਅਜੀਤ ਸਮਾਚਾਰ ਹੜ੍ਹ ਰਾਹਤ ਫੰਡ ਵਿਚ ਯੋਗਦਾਨ ਪਾਉਣ ਲਈ ਅਜੀਤ ਪ੍ਰਕਾਸ਼ਨ ਸਮੂਹ ਦੇ ਹੇਠ ਲਿਖੇ ਉਪ-ਦਫ਼ਤਰ ਵਿਚ ਯੋਗਦਾਨ ਰਾਸ਼ੀ ਜਮ੍ਹਾ ਕਰਵਾ ਕੇ ਰਸੀਦ ਪ੍ਰਾਪਤ ਕੀਤੀ ਜਾਵੇ।

ਤਰਨ ਤਾਰਨ

ਸ. ਹਰਿੰਦਰ ਸਿੰਘ	98760-33901
ਪੰਡਿਤ ਹਨੂੰਮਾਨ ਮਾਰਕੀਟ ਪਹਿਲੀ ਮੰਜ਼ਿਲ,	01852-222277
ਸਾਹਮਣੇ ਜਗਦੇਵ ਮਾਰਕੀਟ	501377

ਡਾਇਰੈਕਟਰ ਡਾ. ਜਤਿੰਦਰਪਾਲ ਸਿੰਘ ਰੰਧਾਵਾ ਅਤੇ ਸਟਾਫ਼ ਨਾਲ ਯਾਦਗਾਰੀ ਤਸਵੀਰ ਖਿਚਵਾਉਣ ਸਮੇਂ ਜੇਤੂ ਵਿਦਿਆਰਥੀ। ਤਸਵੀਰ: ਅਟਵਾਲ

ਗੁਰੂ ਅਮਰਦਾਸ ਆਦਰਸ਼ ਇੰਸਟੀਟਿਊਟ ਗੋਇੰਦਵਾਲ ਸਾਹਿਬ ਦੀਆਂ ਵਿਦਿਆਰਥਣਾਂ ਨੇ ਅੰਤਰ ਸਕੂਲ ਗਿੱਧੇ ਮੁਕਾਬਲੇ ਵਿਚ ਦਿਖਾਏ ਜੌਹਰ

ਗੋਇੰਦਵਾ